ਦਫਤਰ ਜਿਲਾ ਮੈਜਿਸਟਰੇਟ, ਜਲੰਧਰ
Office of the District Magistrate
Jalandhar (Punjab)

No. ........................
Date ........................

Phone :0181-2224783(O)
:0181-2459664(R)
Fax :0181-2224727
Email: dc.jal@punjabmail.gov.in

## ਹੁਕਮ-

ਕੋਵਿਡ-19 (ਕਰੋਨਾ ਵਾਇਰਸ) ਵਾਇਰਸ ਵੱਲੋਂ ਪੂਰੇ ਵਿਸ਼ਵ ਵਿੱਚ ਦਹਿਸ਼ਤ ਫੈਲਾਈ ਹੈ। ਜਿਸ ਨੂੰ ਸਰਕਾਰ ਵੱਲੋਂ ਵੀ ਮਹਾਂਮਾਰੀ ਬਿਮਾਰੀ ਘੋਸ਼ਿਤ ਕੀਤਾ ਜਾ ਚੁੱਕਾ ਹੈ ਅਤੇ ਇਸ ਨੇ ਆਪਣੇ ਪੈਰ ਭਾਰਤ ਵਿੱਚ ਵੀ ਪਸਾਰਨੇ ਸ਼ੁਰੂ ਕਰ ਦਿੱਤੇ ਹਨ। ਜਿਸ ਦੀ ਰੋਕਥਾਮ ਕਰਨੀ ਬਹੁਤ ਜਰੂਰੀ ਹੋ ਚੁੱਕੀ ਹੈ।

ਇਸ ਸਬੰਧੀ ਇਸ ਦਫਤਰ ਦੇ ਪੱਤਰ ਨੰ 3062-85/ਐਮ.ਸੀ-4/ਐਮ.ਏ ਮਿਤੀ 23-03-2020 ਰਾਂਹੀ ਜਿਲ੍ਹਾ ਜਲੰਧਰ ਵਿੱਚ ਕਰਫਿਊ ਲਾਗੂ ਕਰਨ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ ਪ੍ਰੰਤੂ ਆਮ ਲੋਕਾਂ ਦੀਆਂ ਰੋਜਾਨਾ ਦੀਆਂ ਜਰੂਰਤਾਂ ਨੂੰ ਮੁੱਖ ਰੱਖਦੇ ਹੋਏ ਉਪਰੋਕਤ ਵਰਨਣ ਹੁਕਮ ਨੰ 3062-85/ਐਮ.ਸੀ-4/ਐਮ.ਏ ਮਿਤੀ 23-03-2020 ਵਿੱਚ ਆਂਸ਼ਿਕ ਸੋਧ ਕਰਦੇ ਹੋਏ ਹੇਠ ਲਿਖੀਆਂ ਕੈਟਾਗਿਰੀਆਂ ਦੇ ਵਾਹਨਾਂ ਨੂੰ ਕਰਫਿਊ ਦੌਰਾਨ ਚਲਣ ਫਿਰਨ ਦੀ ਪ੍ਰਵਾਨਗੀ ਜਾਰੀ ਕੀਤੀ ਜਾਂਦੀ ਹੈ:-

1. ਪੰਜਾਬ ਅਤੇ ਕੇਂਦਰ ਸਰਕਾਰ ਦੇ ਸਾਰੇ ਵਿਭਾਗਾਂ ਦੀਆਂ ਸਾਰੀਆਂ ਆਨ ਡਿਊਟੀ ਗੱਡੀਆਂ
2. ਦੁੱਧ ਵਾਲੀਆਂ ਗੱਡੀਆਂ/ਸਾਈਕਲ/ਮੋਟਰਸਾਈਕਲ/ਰੇਹੜਾ
3. ਅਨਾਜ/ਕਣਕ/ਚੋਲ/ਦਾਲਾਂ/ਖਾਣ ਪੀਣ ਦੇ ਸਮਾਨ ਦੀਆਂ ਗੱਡੀਆਂ/ਟਰੇਨਾ
4. ਸਬਜੀਆਂ/ਫੱਲ ਦੀਆਂ ਗੱਡੀਆਂ/ਰੇਹੜੀਆਂ/ਰਿਕਸ਼ਾ/ਥ੍ਰੀ-ਵੀਹਲਰ
5. ਬ੍ਰੈਡ/ਬੇਕਰੀ/ਰਸ/ਬਿਸਕਿਟ ਦੀਆਂ ਗੱਡੀਆਂ
6. ਐਲ.ਪੀ.ਜੀ. ਗੈਸ ਦੀ ਸਪਲਾਈ ਕਰਨ ਵਾਲੀਆਂ ਗੱਡੀਆਂ
7. ਪੈਟਰੋਲ/ਡੀਜਲ ਸਪਲਾਈ ਵਾਲੀਆਂ ਗੱਡੀਆਂ
8. ਪਸ਼ੂਆਂ ਦੇ ਚਾਰੇ/ਕੈਟਲ ਫੀਡ ਵਾਲੀਆਂ ਗੱਡੀਆਂ
9. ਪੋਲਟਰੀ ਮੁਰਗੀਆਂ/ ਮੁਰਗੀਆਂ ਦੀ ਫੀਡ/ਆਂਡੇ ਦੇ ਕਿਸੇ ਵੀ ਕਿਸਮ ਦੇ ਵਹੀਕਲ

ਇਥੇ ਇਹ ਸਪਸ਼ਟ ਕੀਤਾ ਜਾਂਦਾ ਹੈ ਕਿ ਲੜੀ ਨੰ 02 ਤੋ 09 ਤੱਕ ਦੀਆਂ ਗੱਡੀਆਂ ਵਿਚ ਤਿੰਨ ਤੋ ਜਿਆਦਾ ਵਿਅਕਤੀ ਬੈਠੇ ਨਹੀਂ ਹੋਣੇ ਚਾਹੀਦੇ ਅਤੇ ਹਰੇਕ ਗੱਡੀ ਵਿੱਚ ਸੈਨੀਟਾਈਜਰ ਰੱਖਿਆ ਹੋਵੇ ਅਤੇ ਹਰੇਕ ਵਿਅਕਤੀ ਵੱਲੋ ਆਪਣੇ ਮੂੰਹ ਤੇ ਮਾਸਕ ਲਗਾਉਣਾ ਲਾਜਮੀ ਹੋਵਾਗਾ। ਹਰ ਪ੍ਰਕਾਰ ਦੀਆਂ ਕਰੋਨਾ ਵਾਇਰਸ ਨਾਲ ਸਬੰਧਤ ਸਾਵਧਾਨੀਆਂ ਦੀ ਪਾਲਣਾ ਕਰਨੀ ਜਰੂਰੀ ਹੋਵੇਗੀ।

ਉਪਰੋਕਤ ਗੱਡੀਆਂ ਨੂੰ ਕਰਫਿਊ ਦੌਰਾਨ ਰੋਕਿਆ ਨਹੀਂ ਜਾਵੇਗਾ। ਇਹ ਹੁਕਮ ਤੁਰੰਤ ਪ੍ਰਭਾਵ ਤੋਂ ਲਾਗੂ ਹੋਣਗੇ ਅਇਤੇ ਅਗਲੇ ਹੁਕਮਾਂ ਤੱਕ ਜਾਰੀ ਰਹਿਣਗੇ।

ਜਿਲ੍ਹਾ ਮੈਜਿਸਟਰੇਟ
ਜਲੰਧਰ।
25/3/2020

ਪਿੱਠ ਅੰਕਣ ਨੰ. 4051-68 /ਐਮ.ਸੀ.4/ਐਮ.ਏ ਮਿਤੀ- 25-03-2020
ਇਸ ਦਾ ਇਕ ਉਤਾਰਾ ਹੇਠ ਦਰਜ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।
3. ਡੀ.ਜੀ.ਪੀ, ਪੰਜਾਬ, ਚੰਡੀਗੜ੍ਹ।
4. ਕਮਿਸ਼ਨਰ ਜਲੰਧਰ ਮੰਡਲ, ਜਲੰਧਰ
5. ਜਿਲ੍ਹਾ ਅਤੇ ਸੈਸ਼ਨ ਜੱਜ, ਜਲੰਧਰ।
6. ਗ੍ਰਹਿ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
7. ਡਾਇਰੈਕਟਰ, ਜਨਰਲ ਪੁਲਿਸ, ਪੰਜਾਬ, ਚੰਡੀਗੜ੍ਹ।
8. ਡੀ.ਆਈ.ਜੀ ਪੁਲਿਸ ਜਲੰਧਰ ਰੇਂਜ ਜਲੰਧਰ।
9. ਕਮਿਸ਼ਨਰ ਆਫ ਪੁਲਿਸ ਜਲੰਧਰ ਅਤੇ ਸੀਨੀਅਰ ਪੁਲਿਸ ਕਪਤਾਨ (ਦਿਹਾਤੀ) ਜਲੰਧਰ
10. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਜਲੰਧਰ।
11. ਕਮਿਸ਼ਨਰ ਨਗਰ ਨਿਗਮ, ਜਲੰਧਰ
12. ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ ਦਫਤਰ, ਜਲੰਧਰ
13. ਜਿਲ੍ਹਾ ਕੰਟਰੋਲਰ, ਖੁਰਾਕ ਅਤੇ ਸਿਵਲ ਸਪਲਾਈ, ਜਲੰਧਰ
14. ਮੁੱਖ ਖੇਤੀਬਾੜੀ ਅਫਸਰ, ਜਲੰਧਰ
15. ਡਿਪਟੀ ਡਾਇਰੈਕਟਰ, ਡੇਅਰੀ, ਜਲੰਧਰ
16. ਜਿਲ੍ਹਾ ਅਟਾਰਨੀ ਜਲੰਧਰ
17. ਸਮੂਹ ਤਹਿਸੀਲਦਾਰ/ਨਾਇਬ ਤਹਿਸੀਲਦਾਰ, ਜਿਲ੍ਹਾ ਜਲੰਧਰ
18. ਜਿਲ੍ਹਾ ਲੋਕ ਸੰਪਰਕ ਅਫਸਰ, ਜਲੰਧਰ
19. ਸੁਪਰਡੰਟ ਗਰੇਡ-1, ਪੀ.ਏ. ਟੂ ਡੀ.ਐਮ., ਸਟੈਨੋ ਟੂ ਏ.ਡੀ.ਐਮ, ਸਟੈਨੋ ਟੂ ਏ.ਸੀ(ਜ), ਸਟੈਨੋ ਟੂ ਏ.ਸੀ(ਸ਼ਿ)

ਵਾ. ਜਿਲ੍ਹਾ ਮੈਜਿਸਟਰੇਟ
ਜਲੰਧਰ।
25/3/2020

Scanned with CamScanner